

ਸੰਗਰੂਰ ਅਜੀਤ
ਅਜੀਤ, ਬਠਿੰਡਾ
ਸੋਮਵਾਰ, 20 ਅਕਤੂਬਰ 2025





# ਹਰਪਾਲ ਸਿੰਘ ਚੀਮਾ ਵਲੋਂ ਹਲਕਾ ਦਿੜ੍ਹਬਾ ਨੂੰ 11.46 ਕਰੋੜ ਦੇ ਵਿਕਾਸ ਕਾਰਜਾਂ ਦਾ ਦੀਵਾਲੀ ਤੋਹਫ਼ਾ

- ਪਿੰਡ ਛਾਜਲੀ ਵਿਚ 2.5 ਕਰੋੜ ਰੁਪਏ ਲਾਗਤ ਵਾਲੇ ਨਹਿਰੀ ਪਾਣੀ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ
- 8.81 ਕਰੋੜ ਰੁਪਏ ਦੀ ਲਾਗਤ ਵਾਲੀਆਂ 17.35 ਕਿਲੋ ਮੀਟਰ ਸੜਕਾਂ ਦੇ ਕੰਮਾਂ ਦੀ ਸ਼ੁਰੂਆਤ

ਦਿੜ੍ਹਬਾ ਮੰਡੀ, 19 ਅਕਤੂਬਰ (ਹਰਬੰਸ ਸਿੰਘ ਛਾਜਲੀ) - ਪੰਜਾਬ ਦੇ ਵਿੱਤ ਅਤੇ ਯੋਜਨਾ ਮੰਤਰੀ ਸ੍ਰ. ਹਰਪਾਲ ਸਿੰਘ ਚੀਮਾ ਨੇ ਵਿਧਾਨ ਸਭਾ ਹਲਕਾ ਦਿੜ੍ਹਬਾ ਦੇ ਵਾਸੀਆਂ ਨੂੰ ਦੀਵਾਲੀ ਦਾ ਤੋਹਫ਼ਾ ਦਿੰਦਿਆਂ 11.46 ਕਰੋੜ ਰੁਪਏ ਦੇ ਵੱਖ-ਵੱਖ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖਣ ਦੇ ਨਾਲ-ਨਾਲ ਉਦਘਾਟਨ ਵੀ ਕੀਤੇ। ਵਿਕਾਸ ਕੰਮਾਂ ਵਿਚ ਪਿੰਡ ਛਾਜਲੀ ਵਿਖੇ ਨਹਿਰੀ ਪਾਣੀ ਪ੍ਰੋਜੈਕਟ, ਵੱਖ-ਵੱਖ ਪਿੰਡਾਂ ਦੀਆਂ ਸੜਕਾਂ ਦਾ ਨੀਂਹ ਪੱਥਰ ਅਤੇ ਪਿੰਡ ਮੈਦੇਵਾਸ ਵਿੱਚ ਐੱਸ.ਸੀ. ਭਾਈਚਾਰੇ ਦੀ ਨਵੀਂ ਬਣੀ ਧਰਮਸ਼ਾਲਾ ਦਾ ਉਦਘਾਟਨ ਸ਼ਾਮਿਲ ਹਨ। ਵਧਾਈ ਦਿੰਦਿਆਂ ਸ. ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪਿਛਲੇ ਸਾਢੇ ਤਿੰਨ ਸਾਲ ਦੌਰਾਨ ਪੰਜਾਬ ਸਰਕਾਰ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸੂਬੇ ਦਾ ਸਰਬਪੱਖੀ ਵਿਕਾਸ ਕਰਵਾਉਣ ਲਈ ਦ੍ਰਿੜ ਯਤਨਸ਼ੀਲ ਹੈ। ਸੂਬੇ ਦੇ ਲੋਕਾਂ ਨੇ ਵਿਕਾਸ ਲਈ ਵੋਟ ਪਾਈ ਸੀ। ਜਿਸ ਕਰਕੇ ਪੰਜਾਬ ਸਰਕਾਰ ਲੋਕਾਂ ਦੀ ਉਮੀਦ ਉੱਤੇ ਖਰਾ ਉਤਰਨ ਲਈ ਹਰ ਯਤਨ ਕਰ ਰਹੀ ਹੈ, ਲਾਰਿਆਂ ਵਿੱਚ ਰੱਖਣ ਵਿਚ ਵਿਸ਼ਵਾਸ਼ ਨਹੀਂ ਰੱਖਦੇ ਬਲਕਿ ਸਾਫ਼ ਨੀਅਤ ਨਾਲ ਸਾਰੇ ਕੰਮ ਹੋ ਜਾਂਦੇ ਹਨ। ਉਨਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਸੂਬੇ ਵਿੱਚ ਸਿਹਤ, ਸਿੱਖਿਆ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਮਜ਼ਬੂਤ ਕਰਨ ਲਈ ਵੱਡੇ ਪੱਧਰ ਉਤੇ ਕੰਮ ਕੀਤਾ ਜਾ ਰਿਹਾ ਹੈ। ਪਿਛਲੀਆਂ ਸਰਕਾਰਾਂ ਦੀ ਖੋਟੀ ਨੀਅਤ ਅਤੇ ਮਾੜੀਆਂ ਨੀਤੀਆਂ ਕਾਰਨ ਸੂਬਾ ਵਿਕਾਸ ਪੱਖੋਂ ਕਾਫ਼ੀ ਪਛੜ ਗਿਆ ਪਰ ਜਦੋਂ ਤੋਂ ਆਪ ਪਾਰਟੀ ਸੱਤਾ ਵਿਚ ਆਈ ਹੈ ਉਦੋਂ ਤੋਂ ਹੀ ਤਰਜੀਹੀ ਤੌਰ ਉੱਤੇ ਸਰਬਪੱਖੀ ਵਿਕਾਸ ਉੱਤੇ ਜ਼ੋਰ ਦਿੱਤਾ ਜਾ ਰਿਹਾ ਹੈ। ਸ. ਚੀਮਾ ਨੇ ਕਿਹਾ ਕਿ ਪਿੰਡ ਛਾਜਲੀ ਵਿੱਚ 2.5 ਕਰੋੜ ਰੁਪਏ ਲਾਗਤ ਵਾਲੇ ਨਹਿਰੀ ਪਾਣੀ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ ਗਿਆ ਹੈ। ਜਿਸ ਤਹਿਤ 13 ਕਿਲੋਮੀਟਰ ਲੰਮੀ ਪਾਈਪ ਲਾਈਨ ਪਾ ਕੇ ਕਿਸਾਨਾਂ ਦੇ ਖੇਤਾਂ ਨੂੰ ਨਹਿਰੀ ਪਾਣੀ ਦੀ ਸਹੂਲਤ ਨਾਲ ਜੋੜਿਆ ਜਾਵੇਗਾ। ਇਸੇ ਤਰ੍ਹਾਂ 8.81 ਕਰੋੜ ਰੁਪਏ ਦੀ ਲਾਗਤ ਵਾਲੀਆਂ 17.35 ਕਿਲੋਮੀਟਰ ਸੜਕਾਂ ਦੇ ਕੰਮਾਂ ਦੀ ਸ਼ੁਰੂਆਤ ਕੀਤੀ ਗਈ ਹੈ। ਪਿੰਡ ਢੰਡਿਆਲ ਤੋਂ ਪਾਤੜਾਂ (4 ਕਿਲੋਮੀਟਰ) ਸੜਕ ਨੂੰ ਅੱਪ ਗਰੇਡ ਕਰਕੇ 18 ਫੁੱਟ ਚੌੜਾ ਕੀਤਾ ਜਾਵੇਗਾ। ਪਿੰਡ ਢੰਡਿਆਲ ਤੋਂ ਹਰਿਆਓ (4.25 ਕਿਲੋਮੀਟਰ), ਪਿੰਡ ਢੰਡਿਆਲ ਤੋਂ ਸ਼ਾਦੀਹਰੀ (3.10 ਕਿਲੋਮੀਟਰ), ਪਿੰਡ ਢੰਡਿਆਲ ਤੋਂ ਚੁਨਗਰਾ (3 ਕਿਲੋਮੀਟਰ) ਅਤੇ ਪਿੰਡ ਖੇਤਲਾ ਤੋਂ ਕਾਕੂਵਾਲਾ (3 ਕਿਲੋਮੀਟਰ) ਨਵੀਆਂ ਸੜਕਾਂ ਬਣਾਈਆਂ ਜਾ ਰਹੀਆਂ ਹਨ। ਇਸੇ ਤਰ੍ਹਾਂ ਪਿੰਡ ਮੈਦੇਵਾਸ ਵਿਚ 15 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਐੱਸ.ਸੀ. ਭਾਈਚਾਰੇ ਦੀ ਨਵੀਂ ਬਣੀ ਧਰਮਸ਼ਾਲਾ ਦਾ ਲੋਕ ਅਰਪਣ ਕੀਤਾ ਗਿਆ ਹੈ। ਸ. ਚੀਮਾ ਨੇ ਕਿਹਾ ਕਿ ਵਿਕਾਸ ਕਾਰਜਾਂ ਉੱਤੇ 11 ਕਰੋੜ 46 ਲੱਖ 60 ਹਜ਼ਾਰ ਰੁਪਏ ਦੀ ਲਾਗਤ ਆਵੇਗੀ। ਇਹ ਪਹਿਲੀ ਵਾਰ ਹੈ ਕਿ ਇਹਨਾਂ ਪੇਂਡੂ ਸੜਕਾਂ ਦੀ ਅਗਲੇ 5 ਸਾਲ ਸਾਂਭ ਸੰਭਾਲ ਵੀ ਠੇਕੇਦਾਰ ਹੀ ਕਰੇਗਾ। ਸੜਕਾਂ ਦੇ ਨਾਲ ਨਾਲ ਹੋਰ ਸਾਰੇ ਵਿਕਾਸ ਕਾਰਜਾਂ ਵਿੱਚ ਵੀ ਗੁਣਵੱਤਾ ਨਾਲ ਕੋਈ ਵੀ ਸਮਝੌਤਾ ਨਹੀਂ ਕੀਤਾ ਜਾਵੇਗਾ। ਉਹਨਾਂ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਸਾਰੇ ਵਿਕਾਸ ਕਾਰਜ ਆਪਣੀ ਨਿਗਰਾਨੀ ਵਿੱਚ ਤਸੱਲੀ ਨਾਲ ਕਰਵਾਉਣ। ਇਸ ਮੌਕੇ ਐੱਸ.ਡੀ.ਐੱਮ. ਦਿੜ੍ਹਬਾ ਸ਼੍ਰੀ ਰਾਜੇਸ਼ ਕੁਮਾਰ ਸ਼ਰਮਾ, ਪ੍ਰੀਤਮ ਸਿੰਘ ਪੀਤੂ ਚੇਅਰਮੈਨ ਨਗਰ ਸੁਧਾਰ ਟਰੱਸਟ ਸੰਗਰੂਰ, ਤਪਿੰਦਰ ਸਿੰਘ ਸੋਹੀ ਓ.ਐਸ.ਡੀ. ਵਿੱਤ ਮੰਤਰੀ, ਸ਼੍ਰੀਮਤੀ ਜਸਵੀਰ ਕੌਰ ਸ਼ੇਰਗਿੱਲ ਚੇਅਰਪਰਸਨ ਮਾਰਕੀਟ ਕਮੇਟੀ ਦਿੜ੍ਹਬਾ, ਸਰਪੰਚ ਅਮਨਦੀਪ ਸਿੰਘ, ਰਾਜ ਸਿੰਘ ਤੂਰਬੰਜਾਰਾ, ਸਰਪੰਚ ਸੰਦੀਪ ਸਿੰਘ ਖੇਤਲਾ ਆਦਿ ਵੀ ਮੌਜੂਦ ਸਨ।



ਪਿੰਡ ਕਾਕੂਵਾਲਾ ਵਿਖੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਸੜਕ ਦਾ ਨੀਂਹ ਪੱਥਰ ਰੱਖਦੇ ਹੋਏ। ਤਸਵੀਰ: ਹਰਬੰਸ ਸਿੰਘ ਛਾਜਲੀ

# ਸੁਨਿਆਰੇ ਦੀ ਕੋਠੀ ਵਿਚੋਂ ਨਿਪਾਲੀ ਨੌਕਰ ਅਤੇ ਉਸ ਦੀ ਪਤਨੀ 35 ਤੋਲੇ ਸੋਨੇ ਦੇ ਗਹਿਣੇ ਤੇ 5 ਲੱਖ ਰੁਪਏ ਨਕਦੀ ਲੈ ਕੇ ਹੋਏ ਫਰਾਰ

## ਇੱਕ ਮਹੀਨਾ ਪਹਿਲਾਂ ਹੀ ਕੋਠੀ 'ਚ ਕੰਮ ਲਈ ਰੱਖੇ ਸਨ ਨੇਪਾਲੀ ਪਤੀ-ਪਤਨੀ

ਸੰਗਰੂਰ, 19 ਅਕਤੂਬਰ (ਦਮਨਜੀਤ ਸਿੰਘ) - ਸ਼ਹਿਰ ਸੰਗਰੂਰ ਦੀ ਪੋਸ਼ ਕਲੋਨੀ ਮਾਨਸ਼ਾਹੀਆਂ ਕਲੋਨੀ ਨਾਨਕਿਆਣਾ ਰੋਡ ਵਿਖੇ ਬੀਤੀ ਕੱਲ੍ਹ ਦਿਨ ਦਿਹਾੜੇ ਘਰ ਦੇ ਨੌਕਰ ਵਲੋਂ ਹੀ ਲੱਖਾਂ ਰੁਪਏ ਦੀ ਨਕਦੀ ਅਤੇ ਸੋਨੇ ਦੇ ਗਹਿਣੇ ਚੋਰੀ ਕਰ ਕੇ ਫਰਾਰ ਹੋਣ ਦੀ ਸੰਨਸਨੀਖੇਜ ਵਾਰਦਾਤ ਸਾਹਮਣੇ ਆਈ ਹੈ। ਘਟਨਾ ਸਬੰਧੀ ਥਾਣਾ ਸਿਟੀ ਸੰਗਰੂਰ 'ਚ ਦਰਜ ਮੁਕੱਦਮੇ ਮੁਤਾਬਕ ਮਨੀਸ਼ ਕੁਮਾਰ ਵਾਸੀ ਮਾਨਸ਼ਾਹੀਆਂ ਕਲੋਨੀ ਸੰਗਰੂਰ ਜੋ ਲਹਿਰਾਗਾਗਾ ਵਿਖੇ ਸੋਨੇ ਦੇ ਗਹਿਣਿਆਂ ਦੀ ਦੁਕਾਨ ਕਰਦਾ ਹੈ, ਨੇ ਪੁਲਿਸ ਨੂੰ ਇਤਲਾਹ ਦਿੱਤੀ ਕਿ ਉਹ ਆਪਣੇ ਭਰਾ ਪਨੀਤ ਕੁਮਾਰ ਨਾਲ ਲਹਿਰਾਗਾਗਾ ਵਿਖੇ ਸੋਨੇ ਦੇ ਗਹਿਣਿਆਂ ਦੀ ਦੁਕਾਨ ਕਰਦਾ ਹੈ ਅਤੇ ਅੱਜ 17 ਅਕਤੂਬਰ ਨੂੰ ਉਸ ਦੇ ਭਰਾ ਪਨੀਤ ਦੇ ਵਿਆਹ ਦੇ ਵਰ੍ਹੇਗੰਢ ਸੀ। ਜਿਸ ਕਾਰਨ ਉਹ ਆਪਣੇ ਪਰਿਵਾਰ ਸਮੇਤ ਸਵੇਰੇ ਸਵੇਰੇ ਲਹਿਰੇ ਚਲਾ ਗਿਆ ਸੀ ਅਤੇ ਪਿੱਛੇ ਉਨ੍ਹਾਂ ਦੀ ਕੋਠੀ ਵਿਚ ਉਨ੍ਹਾਂ ਦਾ ਨੌਕਰ ਵਰਿੰਦਰ ਸਾਰਕੀ ਵਾਸੀ ਨਿਪਾਲ ਅਤੇ ਨੌਕਰ ਦੀ ਪਤਨੀ ਪਾਰਵਤੀ ਮੌਜੂਦ ਸਨ ਜੋ ਦੋਵੇਂ ਕਰੀਬ ਇੱਕ ਮਹੀਨੇ ਪਹਿਲਾ ਹੀ ਉਨ੍ਹਾਂ ਨੇ ਕੋਠੀ ਵਿਚ ਕੰਮ ਲਈ ਰੱਖੇ ਸਨ ਅਤੇ ਹੁਣ ਉਹ ਕੋਠੀ ਵਿਚਲੇ ਹੀ ਇੱਕ ਕਮਰੇ ਅੰਦਰ ਰਹਿੰਦੇ ਸਨ। ਮਨੀਸ਼ ਕੁਮਾਰ ਨੇ ਦੁਪਹਿਰ ਸਮੇਂ ਜਦ ਲਹਿਰੇ ਤੋਂ ਵਾਪਸ ਪਰਤ ਕੇ ਦੇਖਿਆਂ ਤਾਂ ਨੌਕਰ ਵਰਿੰਦਰ ਅਤੇ ਉਸ ਦੀ ਪਤਨੀ ਪਾਰਵਤੀ ਘਰ ਵਿਚ ਮੌਜੂਦ ਨਹੀਂ ਸਨ ਅਤੇ ਵਰਿੰਦਰ ਦਾ ਫੋਨ ਵੀ ਬੰਦ ਆ ਰਿਹਾ ਸੀ। ਕੋਠੀ ਮਾਲਕਾਂ ਨੇ ਜਦ ਘਰ ਵਿਚ ਲੱਗੇ ਸੀ.ਸੀ.ਟੀ.ਵੀ ਕੈਮਰੇ ਚੈੱਕ ਕੀਤੇ ਤਾਂ ਪਤਾ ਲੱਗਾ ਕਿ ਨੌਕਰ ਵਰਿੰਦਰ ਸਾਰਕੀ ਅਤੇ ਉਸ ਦੀ ਪਤਨੀ ਘਰ ਵਿਚੋਂ ਸਾਮਾਨ ਚੁੱਕ ਕੇ ਘਰ ਵਿਚ ਖੜੀ ਉਨ੍ਹਾਂ ਦੀ ਸਕੂਟਰੀ ਰਾਹੀਂ ਉੱਥੋਂ ਜਾ ਰਹੇ ਹਨ। ਮਾਲਕਾਂ ਨੂੰ ਇਹ ਸ਼ੱਕ ਹੋਇਆ ਕਿ ਵਰਿੰਦਰ ਅਤੇ ਉਸ ਪਤਨੀ ਨੇ ਉਨ੍ਹਾਂ ਦੇ ਘਰ ਚੋਰੀ ਕੀਤੀ ਹੈ ਅਤੇ ਇਸ ਦੇ ਚੱਲਦਿਆਂ ਉਨ੍ਹਾਂ ਨੇ ਆਪਣੇ ਬੈਡਰੂਮ ਵਿਚ ਚੈੱਕ ਕੀਤਾ ਤਾਂ ਪਤਾ ਲੱਗਾ ਕਿ ਵਰਿੰਦਰ ਅਤੇ ਉਸ ਦੀ ਪਤਨੀ ਘਰ ਦੇ ਵਾਸ਼ਿੰਗ ਏਰੀਏ ਵਿਚੋਂ ਖਿੜਕੀ ਰਾਹੀਂ ਕਮਰੇ ਅੰਦਰ ਦਾਖਲ ਹੋਏ ਅਤੇ ਅਲਮਾਰੀ ਦੇ ਤਾਲੇ ਤੋੜ ਕੇ ਕਰੀਬ 5 ਲੱਖ ਰੁਪਏ ਨਗਦੀ ਅਤੇ 35 ਤੋਲੇ ਸੋਨੇ ਦੇ ਗਹਿਣੇ ਸਮੇਤ ਸਕੂਟਰੀ ਚੋਰੀ ਕਰ ਕੇ ਲੈ ਗਏ ਹਨ। ਵਰਿੰਦਰ ਅਤੇ ਉਸ ਦੀ ਪਤਨੀ ਵਲੋਂ ਅਲਮਾਰੀ ਦੇ ਤਾਲੇ ਤੋੜਨ ਲਈ ਵਰਤੀ ਗਈ ਰਾਡ ਅਤੇ ਸੱਬਲ਼ ਵੀ ਕਮਰੇ ਵਿਚ ਹੀ ਮੌਜੂਦ ਸਨ। ਪੁਲਿਸ ਵਲੋਂ ਘਟਨਾ ਸਬੰਧੀ ਮਨੀਸ਼ ਕੁਮਾਰ ਦੇ ਬਿਆਨਾਂ ਉੱਤੇ ਵਰਿੰਦਰ ਸਾਰਕੀ ਅਤੇ ਉਸ ਦੀ ਪਤਨੀ ਪਾਰਵਤੀ ਵਿਰੁੱਧ ਮੁਕੱਦਮਾ ਦਰਜ ਕਰ ਕੇ ਕਾਰਵਾਈ ਆਰੰਭ ਦਿੱਤੀ। ਥਾਣਾ ਸਿਟੀ ਮੁਖੀ ਇੰਸਪੈਕਟਰ ਮਨਪ੍ਰੀਤ ਸਿੰਘ ਨੇ ਦੱਸਿਆ ਕਿ ਘਟਨਾ ਦਾ ਪਤਾ ਲੱਗਦਿਆਂ ਹੀ ਉਨ੍ਹਾਂ ਵਲੋਂ ਇਸ ਦੀ ਬਾਰੀਕੀ ਨਾਲ ਜਾਂਚ ਆਰੰਭ ਦਿੱਤੀ ਅਤੇ ਜਾਂਚ ਦੌਰਾਨ ਸਥਾਨਕ ਪਟਿਆਲਾ ਰੋਡ ਤੋਂ ਕੋਠੀ ਮਾਲਕਾਂ ਦੀ ਉਹ ਸਕੂਟਰੀ ਵੀ ਬਰਾਮਦ ਕਰ ਲਈ ਹੈ ਜਿਸ ਰਾਹੀਂ ਨੌਕਰ ਵਰਿੰਦਰ ਅਤੇ ਉਸ ਦੀ ਪਤਨੀ ਚੋਰੀ ਕਰ ਕੇ ਫਰਾਰ ਹੋਏ ਸਨ। ਉਨ੍ਹਾਂ ਕਿਹਾ ਕਿ ਜਲਦ ਹੀ ਵਰਿੰਦਰ ਅਤੇ ਉਸ ਦੀ ਪਤਨੀ ਪਾਰਵਤੀ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

### ਘਰ ਵਿਚ ਨੌਕਰ ਜਾਂ ਕਿਰਾਏਦਾਰ ਰੱਖਣ ਸਮੇਂ ਉਸ ਦੀ ਪੁਲਿਸ ਵੈਰੀਫਿਕੇਸ਼ਨ ਜ਼ਰੂਰ ਕਰਵਾਈ ਜਾਵੇ - ਇੰਸ. ਮਨਪ੍ਰੀਤ ਸਿੰਘ

ਇਸ ਚੋਰੀ ਦੀ ਘਟਨਾ ਬਾਰੇ ਗੱਲਬਾਤ ਕਰਦਿਆਂ ਥਾਣਾ ਸਿਟੀ ਸੰਗਰੂਰ ਮੁਖੀ ਇੰਸਪੈਕਟਰ ਮਨਪ੍ਰੀਤ ਸਿੰਘ ਨੇ ਕਿਹਾ ਕਿ ਉਕਤ ਪਰਿਵਾਰ ਵਲੋਂ ਕਰੀਬ ਇੱਕ ਮਹੀਨਾ ਪਹਿਲਾਂ ਹੀ ਨੇਪਾਲ ਦੇ ਰਹਿਣ ਵਾਲੇ ਵਰਿੰਦਰ ਅਤੇ ਉਸ ਦੀ ਪਤਨੀ ਨੂੰ ਆਪਣੇ ਘਰ ਨੌਕਰੀ ਉੱਤੇ ਰੱਖਿਆ ਸੀ ਅਤੇ ਇਨ੍ਹਾਂ ਦੋਵਾਂ ਦੀ ਕੋਈ ਪੁਲਿਸ ਵੈਰੀਫਿਕੇਸ਼ਨ ਨਹੀਂ ਕਰਵਾਈ ਗਈ ਸੀ। ਉਨ੍ਹਾਂ ਕਿਹਾ ਕਿ ਜਦੋਂ ਵੀ ਕੋਈ ਵਿਅਕਤੀ ਆਪਣੇ ਘਰ ਵਿਚ ਕਿਸੇ ਅਣਜਾਣ ਵਿਅਕਤੀ ਨੂੰ ਨੌਕਰ ਰੱਖਦਾ ਹੈ ਜਾਂ ਫਿਰ ਉਸ ਨੂੰ ਆਪਣੀ ਕੋਈ ਇਮਾਰਤ ਕਿਰਾਏ ਉੱਤੇ ਦਿੰਦਾ ਹੈ ਤਾਂ ਉਸ ਦੀ ਪੁਲਿਸ ਵੈਰੀਫਿਕੇਸ਼ਨ ਜ਼ਰੂਰ ਕਰਵਾਈ ਜਾਵੇ। ਉਨ੍ਹਾਂ ਦੱਸਿਆ ਕਿ ਪੁਲਿਸ ਵੈਰੀਫਿਕੇਸ਼ਨ ਰਾਹੀਂ ਜਿੱਥੇ ਸਬੰਧਿਤ ਵਿਅਕਤੀ ਦਾ ਸਾਰਾ ਸਾਬਕਾ ਰਿਕਾਰਡ ਸਪੱਸ਼ਟ ਹੋ ਜਾਂਦਾ ਹੈ ਉੱਥੇ ਹੀ ਉਸ ਵਿਅਕਤੀ ਸਬੰਧੀ ਸਾਰੀ ਲੋੜੀਂਦੀ ਜਾਣਕਾਰੀ ਅਤੇ ਦਸਤਾਵੇਜ਼ ਵੀ ਪੁਲਿਸ ਪਾਸ ਰਿਕਾਰਡ ਵਿਚ ਜਮ੍ਹਾ ਹੋ ਜਾਂਦੇ ਹਨ। ਥਾਣਾ ਮੁਖੀ ਨੇ ਕਿਹਾ ਕਿ ਨੌਕਰਾਂ ਅਤੇ ਕਿਰਾਏਦਾਰਾਂ ਦੀ ਪੁਲਿਸ ਵੈਰੀਫਿਕੇਸ਼ਨ ਨੂੰ ਲੋਕ ਪਹਿਲ ਦੇ ਆਧਾਰ ਉੱਤੇ ਕਰਵਾਉਣ ਤਾਂ ਜੋ ਭਵਿੱਖ ਵਿਚ ਅਜਿਹੀ ਕਿਸੇ ਮਾੜੀ ਘਟਨਾ ਤੋਂ ਬਚਾਅ ਕੀਤਾ ਜਾ ਸਕੇ।

# ਕਸਬਾ ਸ਼ੇਰਪੁਰ ਦੇ ਬਾਜ਼ਾਰਾਂ 'ਚ ਪਟਾਕਿਆਂ ਦੀ ਸ਼ਰੇਆਮ ਹੋ ਰਹੀ ਵਿੱਕਰੀ ਖ਼ਿਲਾਫ਼ ਕੀਤੀ ਨਾਅਰੇਬਾਜ਼ੀ

ਸ਼ੇਰਪੁਰ, 19 ਅਕਤੂਬਰ (ਖੇੜੀ, ਜੋਸ਼ੀ) - ਇਲਾਕੇ ਦੀ ਉੱਘੀ ਵਾਤਾਵਰਨ ਦੀ ਸਾਂਭ-ਸੰਭਾਲ ਅਤੇ ਸ਼ੁੱਧਤਾ ਲਈ ਕੰਮ ਕਰਦੀ ਆ ਰਹੀ ਸੰਸਥਾ ਕੁਦਰਤ-ਮਾਨਵ ਕੇਂਦਰਿਤ ਲੋਕ ਲਹਿਰ ਇਕਾਈ ਸ਼ੇਰਪੁਰ ਵਲੋਂ ਅੱਜ ਕਨਵੀਨਰ ਸੰਦੀਪ ਸਿੰਘ ਗਰੇਵਾਲ ਦੀ ਅਗਵਾਈ ਹੇਠ ਕਸਬਾ ਸ਼ੇਰਪੁਰ ਦੇ ਬਾਜ਼ਾਰਾਂ ਵਿਚ ਪਟਾਕਿਆਂ ਦੀ ਸ਼ਰੇਆਮ ਹੋ ਰਹੀ ਵਿੱਕਰੀ ਖ਼ਿਲਾਫ਼ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਗੱਲਬਾਤ ਕਰਦਿਆਂ ਸੰਦੀਪ ਸਿੰਘ ਗਰੇਵਾਲ ਨੇ ਕਿਹਾ ਕਿ ਮਾਨਯੋਗ ਸੁਪਰੀਮ ਕੋਰਟ ਅਤੇ ਜ਼ਿਲ੍ਹਾ ਪ੍ਰਸ਼ਾਸਨ ਸੰਗਰੂਰ ਦੀਆਂ ਹਦਾਇਤਾਂ ਅਨੁਸਾਰ ਪਟਾਕਿਆਂ ਦੀ ਵਿੱਕਰੀ ਕਿਸੇ ਨਿਰਧਾਰਿਤ ਖੁੱਲ੍ਹੀ ਜਗ੍ਹਾ ਉੱਪਰ ਤੇ ਲਾਇਸੈਂਸ ਹੋਲਡਰ ਦੁਕਾਨਦਾਰਾਂ ਵਲੋਂ ਕਰਨ ਨੂੰ ਯਕੀਨੀ ਬਣਾਉਣ ਲਈ ਐਸ.ਡੀ.ਐਮ ਧੂਰੀ ਦੇ ਨਾਮ ਨਾਇਬ ਤਹਿਸੀਲਦਾਰ ਸ਼ੇਰਪੁਰ ਅਤੇ ਮੁੱਖ ਅਫ਼ਸਰ ਥਾਣਾ ਸ਼ੇਰਪੁਰ ਨੂੰ ਮੰਗ ਪੱਤਰ ਦਿੱਤਾ ਗਿਆ ਸੀ। ਉਨ੍ਹਾਂ ਕਿਹਾ ਕਿ ਇਸ ਉੱਪਰ ਪ੍ਰਸ਼ਾਸਨ ਵਲੋਂ ਕੋਈ ਵੀ ਅਮਲ ਨਾ ਕਰਦੇ ਹੋਏ ਕੋਈ ਕਾਰਵਾਈ ਨਹੀਂ ਕੀਤੀ ਗਈ ਹੈ। ਭੀੜ ਭੜੱਕੇ ਵਾਲੇ ਬਾਜ਼ਾਰਾਂ ਵਿਚ ਪਟਾਕਿਆਂ ਦੀ ਹੋ ਰਹੀ ਵਿੱਕਰੀ ਕਿਸੇ ਸਮੇਂ ਵੀ ਵੱਡੇ ਹਾਦਸੇ ਨੂੰ ਸੱਦਾ ਦੇ ਸਕਦੀ ਹੈ। ਇਸ ਮੌਕੇ ਸੁਖਜੀਤ ਸਿੰਘ, ਮਹਿੰਦਰ ਪ੍ਰਤਾਪ, ਮਾਸਟਰ ਈਸ਼ਰ ਸਿੰਘ, ਬਹਾਦਰ ਸਿੰਘ ਚੌਧਰੀ, ਕੇਸਰ ਸਿੰਘ ਗਰੇਵਾਲ, ਬਲਦੇਵ ਸਿੰਘ ਘਨੌਰੀ ਖੁਰਦ ਆਗੂ ਮੌਜੂਦ ਸਨ।



ਥਾਣਾ ਸ਼ੇਰਪੁਰ ਅੱਗੇ ਬਾਜ਼ਾਰ 'ਚ ਪਟਾਕਿਆਂ ਦੀ ਸ਼ਰੇਆਮ ਹੁੰਦੀ ਵਿੱਕਰੀ ਖ਼ਿਲਾਫ਼ ਨਾਅਰੇਬਾਜ਼ੀ ਕਰਦੇ ਹੋਏ ਕੁਦਰਤ -ਮਾਨਵ ਕੇਂਦਰਿਤ ਲੋਕ ਲਹਿਰ ਦੇ ਆਗੂ। ਤਸਵੀਰ : ਦਰਸ਼ਨ ਸਿੰਘ ਖੇੜੀ

# ਸਮਾਜ ਚਿੰਤਕਾਂ ਵਲੋਂ ਪ੍ਰਦੂਸ਼ਣ ਮੁਕਤ ਦੀਵਾਲੀ ਮਨਾਉਣ ਦਾ ਸੱਦਾ



ਸੰਗਰੂਰ, 19 ਅਕਤੂਬਰ (ਧੀਰਜ ਪਸ਼ੌਰੀਆ) - ਦਿਨੋ ਦਿਨ ਪਲੀਤ ਹੋ ਰਹੇ ਵਾਤਾਵਰਨ ਤੋਂ ਚਿੰਤਤ ਸਮਾਜ ਚਿੰਤਕਾਂ ਨੇ ਪ੍ਰਦੂਸ਼ਣ ਮੁਕਤ ਗਰੀਨ ਦਿਵਾਲੀ ਮਨਾਉਣ ਦਾ ਸੱਦਾ ਦਿੱਤਾ ਹੈ। ਸਾਇੰਟਿਫਿਕ ਅਵੇਅਰਨੈਸ ਫੋਰਮ ਦੇ ਪ੍ਰਧਾਨ ਡਾ. ਅਮਰਜੀਤ ਸਿੰਘ ਮਾਨ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਦਿਵਾਲੀ ਦੇ ਤਿਉਹਾਰ ਨੂੰ ਪਟਾਕਿਆਂ ਤੋਂ ਮੁਕਤ ਮਨਾਉਣਾ ਚਾਹੀਦਾ ਹੈ ਉਹਨਾਂ ਕਿਹਾ ਕਿ ਪਟਾਕਿਆਂ ਤੇ ਖਰਚੇ ਜਾਣ ਵਾਲੇ ਪੈਸਿਆਂ ਨੂੰ ਲੋੜਵੰਦਾਂ ਦੀ ਮੱਦਦ ਕਰਨ ਲਈ ਵਰਤਿਆ ਜਾਵੇ ਅਤੇ ਇਸ ਦਿਨ ਵਾਤਾਵਰਨ ਨੂੰ ਸ਼ੁੱਧ ਕਰਨ ਲਈ ਮੁਫਤ ਬੂਟੇ ਵੰਡੇ ਜਾਣ ਅਤੇ ਖੁਦ ਵੀ ਲਗਾਏ ਜਾਣ। ਇਨ੍ਹਾਂ ਵਿਚਾਰਾਂ ਦੀ ਸੰਤੋਖ ਕੌਰ, ਪ੍ਰਿੰਸੀਪਲ ਜਗਦੇਵ ਸਿੰਘ ਸੋਹੀ, ਪ੍ਰੋਫੈਸਰ ਸਵਿੰਦਰ ਕੌਰ, ਬਲਵਿੰਦਰ ਸਿੰਘ ਗੁਰ ਹਾਕਮ ਸਿੰਘ, ਬਲਦੇਵ ਸਿੰਘ ਗੋਸਲ, ਐਡਵੋਕੇਟ ਨਵਕਿਰਨ ਸਿੰਘ, ਪ੍ਰਹਲਾਦ ਸਿੰਘ, ਸੰਜੀਵ ਕੁਮਾਰ ਅਤੇ ਹੋਰਨਾਂ ਨੇ ਪ੍ਰੋੜਤਾ ਕੀਤੀ ਹੈ।

## 'ਅਜੀਤ' ਉਪ ਦਫ਼ਤਰ ਦਾ ਪਤਾ ਤੇ ਸੰਪਰਕ ਨੰਬਰ

ਅਜੀਤ/ਅਜੀਤ ਸਮਾਚਾਰ ਹੜ੍ਹ ਰਾਹਤ ਫੰਡ ਵਿਚ ਯੋਗਦਾਨ ਪਾਉਣ ਲਈ ਅਜੀਤ ਪ੍ਰਕਾਸ਼ਨ ਸਮੂਹ ਦੇ ਹੇਠ ਲਿਖੇ ਉਪ-ਦਫ਼ਤਰ ਵਿਚ ਯੋਗਦਾਨ ਰਾਸ਼ੀ ਜਮ੍ਹਾ ਕਰਵਾ ਕੇ ਰਸੀਦ ਪ੍ਰਾਪਤ ਕੀਤੀ ਜਾਵੇ।

**ਸੰਗਰੂਰ**

| | |
|---|---|
| ਸ. ਸੁਖਵਿੰਦਰ ਸਿੰਘ ਫੁੱਲ | 98142-82543 |
| ਦੁਕਾਨ ਨੰ: 2, ਪੀ.ਡਬਲਯੂ.ਡੀ. | 01672-230024 |
| ਮਾਰਕੀਟ, ਸਾਹਮਣੇ ਜ਼ਿਲ੍ਹਾ | 501224 |
| ਅਦਾਲਤ, ਨਜ਼ਦੀਕ ਘੰਟਾ ਘਰ | |




